# ਦਫਤਰ ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ

ਬਲਾਕ-ਈ, ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਛੇਵੀਂ ਮੰਜਿਲ, ਫੇਜ਼-8, ਮੋਹਾਲੀ

ਫੋਨ ਨੰ. 0172-2212221

ਵੱਲ

ਸਮੂਹ ਜਿਲ੍ਹਾ ਸਿਖਿਆ ਅਫਸਰ (ਸੈ.ਸਿੱ.),

ਸਮੂਹ ਸਕੂਲ ਮੁੱਖੀ ( ਵੈਬਸਾਈਟ ਰਾਹੀਂ )

ਸਬੰਧਤ ਅਧਿਆਪਕ

ਮੀਮੋ ਨੰ: SCERT, QPIUP/2019 57884

ਮਿਤੀ:- 21-2-19

**ਵਿਸ਼ਾ :- ਸੈਸ਼ਨ 2018-19 (March 2019) ਲਈ ਛੇਵੀਂ ਤੋਂ ਨੌਵੀਂ ਜਮਾਤਾਂ ਲਈ ਗਣਿਤ ਵਿਸ਼ੇ ਦਾ ਪ੍ਰਯੋਗੀ ਪ੍ਰੀਖਿਆ ਲੈਣ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਸੈਸ਼ਨ 2018-19 ਲਈ ਛੇਵੀਂ ਤੋਂ ਨੌਵੀਂ ਜਮਾਤਾਂ ਦੇ ਵਿਦਿਆਰਥੀਆਂ ਦੀਆਂ ਸਲਾਨਾ ਪ੍ਰੀਖਿਆਵਾਂ ਜਲਦ ਹੀ ਸ਼ੁਰੂ ਹੋ ਰਹੀਆ ਹਨ। ਇਸ ਸਬੰਧੀ ਗਣਿਤ ਵਿਸ਼ੇ ਦੀਆਂ ਪ੍ਰੈਕਟੀਕਲ ਪ੍ਰੀਖਿਆਵਾਂ ਮਿਤੀ 05-03-2019 ਤੋਂ 07-03-2019 ਤੱਕ ਕਿਸੇ ਵੀ ਮਿਤੀ ਨੂੰ ਲਈ ਜਾਵੇ। ਹਰ ਜਮਾਤ ਲਈ ਵੱਖਰੀ ਮਿਤੀ ਹੋ ਸਕਦੀ ਹੈ।

3.0 ਇਹ ਪ੍ਰੈਕਟੀਕਲ ਪ੍ਰੀਖਿਆਵਾਂ ਜਮਾਤਾਂ ਨੂੰ ਗਣਿਤ ਪੜਾਉਣ ਵਾਲੇ ਅਧਿਆਪਕਾਂ ਵੱਲੋਂ ਸਕੂਲ ਪੱਧਰ ਤੇ ਲਈ ਜਾਵੇਗੀ।

4.0 ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਜਾਰੀ ਹਦਾਇਤਾਂ ਅਨੁਸਾਰ ਪ੍ਰਯੋਗੀ ਪ੍ਰੀਖਿਆਵਾਂ ਲਈ ਅੰਕ ਵੰਡ ਹੇਠ ਲਿਖੇ ਅਨੁਸਾਰ ਹੋਵੇਗੀ

**ਸਮਾਂ:2 ਘੰਟੇ** **ਕੁੱਲ ਅੰਕ:10**

| | | |
|---|---|---|
| 1 | ਪ੍ਰਯੋਗੀ ਪ੍ਰੀਖਿਆ ਵਿੱਚ ਚਾਰ ਕਿਰਿਆਵਾਂ ਦਿੱਤੀਆ ਜਾਣਗੀਆਂ, ਜਿਹਨਾਂ ਵਿੱਚੋਂ ਕੋਈ ਦੋ ਕਿਰਿਆਵਾਂ ਕਰਨੀਆਂ ਜਰੂਰੀ ਹੋਣਗੀਆਂ | (4x2=8 ਅੰਕ) |
| 2 | ਮੌਖਿਕ ਪ੍ਰੀਖਿਆ/ ਜੁਬਾਨੀ ਪ੍ਰਸ਼ਨ | 2 ਅੰਕ |

5.0 ਇਸ ਸਬੰਧੀ ਜਮਾਤ ਵਾਰ ਪ੍ਰੀਖਿਆਵਾਂ ਲਈ ਪਾਠਕ੍ਰਮ (ssapunjab.org ਤੇ ਵੀ ਉਪਲੱਬਧ ਹੈ) ਨਾਲ ਨੱਥੀ ਹੈ।

ਸਹਾਇਕ ਡਾਇਰੈਕਟਰ
ਐਸ.ਸੀ.ਈ.ਆਰ.ਟੀ, ਪੰਜਾਬ

## ਸ਼੍ਰੇਣੀ-ਛੇਵੀਂ

## ਪ੍ਰਯੋਗੀ (ਗਣਿਤ)

ਸਮਾਂ:-2 ਘੰਟੇ ਕੁੱਲ ਅੰਕ :- 10

ਪ੍ਰਯੋਗੀ ਪ੍ਰੀਖਿਆ ਲਈ ਅੰਕ-ਵੰਡ ਹੇਠ ਲਿਖੇ ਅਨੁਸਾਰ ਹੋਵੇਗੀ :

ਕਿਰਿਆਵਾਂ ਦਾ ਮੁਲਾਂਕਣ

1. ਪ੍ਰਯੋਗੀ ਪ੍ਰੀਖਿਆ ਵਿੱਚ ਚਾਰ ਕਿਰਿਆਵਾਂ ਦਿੱਤੀਆਂ ਜਾਣਗੀਆਂ ਜਿਹਨਾਂ ਵਿੱਚੋਂ ਕੋਈ ਦੋ ਕਿਰਿਆਵਾਂ ਕਰਨੀਆਂ ਜ਼ਰੂਰੀ ਹੋਣਗੀਆਂ। (4×2) : 8 ਅੰਕ
2. ਜ਼ੁਬਾਨੀ ਪ੍ਰਸ਼ਨ/ਮੌਖਿਕ ਪ੍ਰੀਖਿਆ : 2 ਅੰਕ

## ਕਿਰਿਆਵਾਂ

1. 1 ਤੋਂ 100 ਵਿਚਲੀਆਂ ਅਭਾਜ ਸੰਖਿਆਵਾਂ ਨੂੰ ਇਰੇਟੋਸਥੀਨਜ ਵਿਧੀ ਰਾਹੀਂ ਪਤਾ ਕਰਨਾ।
2. ਕਾਗਜ ਪੱਟੀ ਨੂੰ ਕੱਟ ਕੇ ਅਤੇ ਚਿਪਕਾ ਕੇ/ਮਾਚਿਸ ਦੀਆਂ ਤੀਲੀਆਂ ਦੀ ਸਹਾਇਤਾ ਨਾਲ ਦੋ ਦਿੱਤੀਆਂ ਸੰਖਿਆਵਾਂ ਦਾ ਮਹੱਤਵ ਸਮਾਪਵਰਤਕ ਪਤਾ ਕਰਨਾ।
3. ਦੀਵਾਰ ਘੜੀ ਦੀ ਸਹਾਇਤਾ ਨਾਲ ਕੋਣਾਂ ਦੀਆਂ ਕਿਸਮਾਂ ਤੋਂ ਜਾਣੂੰ ਕਰਵਾਉਣਾ।
4. ਮਾਚਿਸ ਦੀਆਂ ਤੀਲੀਆਂ ਦੀ ਵਰਤੋਂ ਕਰਦੇ ਹੋਏ ਤ੍ਰਿਭੁਜ, ਚਤੁਰਭੁਜ, ਪੰਜਭੁਜ ਅਤੇ ਛੇ ਭੁਜ ਦੀ ਰਚਨਾ ਕਰਨੀ।
5. ਦਿੱਤੇ ਹੋਏ ਤਿਕੋਣਾਂ ਦੇ ਸਮੂਹ ਵਿਚੋਂ ਭੁਜਾਵਾਂ ਅਤੇ ਕੋਣਾਂ ਦੇ ਅਧਾਰ ਤੇ ਤਿਕੋਣਾਂ ਦਾ ਵਰਗੀਕਰਣ ਕਰਨਾ।
6. ਸੈੱਟ ਸੁਕੇਅਰ ਦੇ ਜੋੜਿਆਂ ਦੀ ਵਰਤੋਂ ਕਰਕੇ ਹੇਠ ਲਿਖੀਆਂ ਆਕ੍ਰਿਤੀਆਂ ਬਣਾਉਣਾ।

   (i) ਵਰਗ (ii) ਆਇਤ (iii) ਸਮਾਂਤਰ ਚਤੁਰਭੁਜ (iv) ਸਮਚਤੁਰਭੁਜ (v) ਸਮਲੰਬ ਚਤੁਰਭੁਜ

7. ਵੱਖ-ਵੱਖ ਰੰਗਾਂ ਦੇ ਬਟਨ/ਗੀਟੀਆਂ ਦੀ ਵਰਤੋਂ ਕਰਕੇ ਸੰਪੂਰਨ ਸੰਖਿਆਵਾਂ ਦਾ ਜੋੜ ਅਤੇ ਘਟਾਓ ਕਰਨਾ।
8. ਦਿੱਤੀਆਂ ਗਈਆਂ ਆਕ੍ਰਿਤੀਆਂ ਦਾ ਪਰਿਮਾਪ ਪਤਾ ਕਰਨਾ।
9. ਕਾਗਜ਼ ਨੂੰ ਮੋੜ ਕੇ ਹੇਠ ਲਿਖੀਆਂ ਆਕ੍ਰਿਤੀਆਂ ਵਿੱਚ ਸਮਮਿਤੀ ਭੁਜਾਵਾਂ ਦੀ ਗਿਣਤੀ ਪਤਾ ਕਰਨੀ।

   (i) ਸਮਭੁਜੀ ਤਿਕੋਣ (ii) ਸਮਦੋਭੁਜੀ ਤਿਕੋਣ (iii) ਵਰਗ (iv) ਆਇਤ (v) ਸਮਚਤੁਰਭੁਜ

10. ਫੁੱਟੇ ਅਤੇ ਪਰਕਾਰ ਦੀ ਸਹਾਇਤਾ ਨਾਲ $60^0$, $120^0$, $30^0$, $45^0$ ਅਤੇ $90^0$ ਦੇ ਕੋਣਾਂ ਦੀ ਰਚਨਾ ਕਰਨੀ।

ਸ਼੍ਰੇਣੀ- ਸੱਤਵੀਂ

ਪਾਠਕ੍ਰਮ ਪ੍ਰਯੋਗੀ

ਸਮਾਂ:-2 ਘੰਟੇ ਕੁੱਲ ਅੰਕ :- 10

ਪ੍ਰਯੋਗੀ ਪ੍ਰੀਖਿਆ ਲਈ ਅੰਕ-ਵੰਡ ਹੇਠ ਲਿਖੇ ਅਨੁਸਾਰ ਹੋਵੇਗੀ :

ਕਿਰਿਆਵਾਂ ਦਾ ਮੁਲਾਂਕਣ

1. (ਪ੍ਰਯੋਗੀ ਪ੍ਰੀਖਿਆ ਵਿੱਚ ਚਾਰ ਕਿਰਿਆਵਾਂ ਦਿੱਤੀਆਂ ਜਾਣਗੀਆਂ,
ਜਿਹਨਾਂ ਵਿੱਚੋਂ ਕੋਈ ਦੋ ਕਿਰਿਆਵਾਂ ਕਰਨੀਆਂ ਜ਼ਰੂਰੀ ਹੋਣਗੀਆਂ। (4×2) : 8 ਅੰਕ

2. ਜ਼ਬਾਨੀ ਪ੍ਰਸ਼ਨ/ਮੌਖਿਕ ਪ੍ਰੀਖਿਆ : 2 ਅੰਕ

ਕਿਰਿਆਵਾਂ

1. ਦੋ ਅਸਮਾਨ ਭਿੰਨਾਂ ਦਾ ਜੋੜ ਕਰਨ ਸੰਬੰਧੀ ਕਿਰਿਆ।
2. ਸਿੱਧ ਕਰਨਾ ਕਿ ਤ੍ਰਿਭੁਜ਼ ਦੇ ਤਿੰਨਾਂ ਕੋਣਾ ਦਾ ਜੋੜ $180^0$ ਹੁੰਦਾ ਹੈ।
3. ਸਿੱਧ ਕਰਨਾ ਕਿ ਤ੍ਰਿਭੁਜ਼ ਦਾ ਬਾਹਰਲਾ ਕੋਣ ਅੰਦਰੂਨੀ ਦੋ ਸਨਮੁੱਖ ਕੋਣਾਂ ਦੇ ਜੋੜ ਦੇ ਬਰਾਬਰ ਹੁੰਦਾ ਹੈ।
4. ਸਿੱਧ ਕਰਨਾ ਕਿ ਤ੍ਰਿਭੁਜ ਦੀਆਂ ਮੱਧਿਕਾਵਾਂ ਸੰਗਾਮੀ ਹੁੰਦੀਆਂ ਹਨ।
5. ਤ੍ਰਿਭੁਜ਼ ਦੇ ਕੋਣਾਂ ਦੇ ਸਮਦੁਭਾਜਕ ਸੰਗਾਮੀ ਹੁੰਦੇ ਹਨ।
6. ਪਾਈਥਾਗੋਰਸ ਥਿਊਰਮ ਸਿੱਧ ਕਰਨਾ।
7. ਤ੍ਰਿਭੁਜ ਦੀ ਸਰਬੰਗਸਮਤਾ ਦੇ ਨਿਯਮਾਂ ਬਾਰੇ ਦੱਸਣਾ।
8. ਤ੍ਰਿਭੁਜ ਵਿੱਚ ਸਮਾਨ ਭੁਜਾਵਾਂ ਦੇ ਸਨਮੁੱਖ ਕੋਣ ਬਰਾਬਰ ਹੁੰਦੇ ਹਨ।
9. ਤ੍ਰਿਭੁਜ ਦੀ ਰਚਨਾ ਕਰਨੀ :
   - ਜਦੋਂ ਤਿੰਨੇ ਭੁਜਾਵਾਂ ਦਿੱਤੀਆਂ ਹੋਣ।
   - ਦੋ ਭੁਜਾਵਾਂ ਅਤੇ ਉਹਨਾਂ ਦੇ ਵਿਚਕਾਰਲਾ ਕੋਣ ਦਿੱਤਾ ਹੋਵੇ।
   - ਇੱਕ ਭੁਜਾ ਅਤੇ ਸਿਰਿਆਂ ਦੇ ਕੋਣ ਦਿੱਤੇ ਹੋਣ।
   - ਇੱਕ ਕਰਣ ਅਤੇ ਇੱਕ ਭੁਜਾ ਦਿੱਤੇ ਹੋਣ।
10. ਪੇਪਰ ਕੱਟਕੇ ਅਤੇ ਮੋੜ ਕੇ ਘਣ ਅਤੇ ਘਣਾਵ ਬਣਾਉਣਾ।

ਸ਼੍ਰੇਣੀ- ਅੱਠਵੀਂ

ਪਾਠਕ੍ਰਮ ਪ੍ਰਯੋਗੀ

ਸਮਾਂ:-2 ਘੰਟੇ ਕੁੱਲ ਅੰਕ :- 10

ਪ੍ਰਯੋਗੀ ਪ੍ਰੀਖਿਆ ਲਈ ਅੰਕ-ਵੰਡ ਹੇਠ ਲਿਖੇ ਅਨੁਸਾਰ ਹੋਵੇਗੀ :

ਕਿਰਿਆਵਾਂ ਦਾ ਮੁਲਾਂਕਣ

1. ਪ੍ਰਯੋਗੀ ਪ੍ਰੀਖਿਆ ਵਿੱਚ ਚਾਰ ਕਿਰਿਆਵਾਂ ਦਿੱਤੀਆਂ ਜਾਣਗੀਆਂ ਜਿਹਨਾਂ ਵਿੱਚੋਂ ਕੋਈ ਦੋ ਕਿਰਿਆਵਾਂ ਕਰਨੀਆਂ ਜ਼ਰੂਰੀ ਹੋਣਗੀਆਂ। (4×2) : 8 ਅੰਕ

2. ਜ਼ਬਾਨੀ ਪ੍ਰਸ਼ਨ/ਮੌਖਿਕ ਪ੍ਰੀਖਿਆ : 2 ਅੰਕ

## ਕਿਰਿਆਵਾਂ

1. ਕਿਰਿਆ ਰਾਹੀਂ ਸਿੱਧ ਕਰਨਾ ਕਿ ਚਤੁਰਭੁਜ ਦੇ ਅੰਦਰਲੇ ਕੋਣਾਂ ਦਾ ਜੋੜ $360^0$ ਹੁੰਦਾ ਹੈ।
2. ਪੇਪਰ ਕੱਟਕੇ ਅਤੇ ਚਿਪਕਾ ਕੇ ਸਿੱਧ ਕਰਨਾ ਕਿ ਕਿਸੇ ਬਹੁਭੁਜ਼ ਦੇ ਇੱਕ ਕ੍ਰਮ ਵਿੱਚ ਬਣੇ ਬਾਹਰਲੇ ਕੋਣਾਂ ਦਾ ਜੋੜ $360^0$ ਹੁੰਦਾ ਹੈ।
3. ਪੇਪਰ ਮੋੜ ਕੇ ਅਤੇ ਕੱਟਕੇ ਹੇਠ ਲਿਖਿਆਂ ਆਕ੍ਰਿਤੀਆਂ ਬਣਾਉਣੀਆਂ
   - (i) ਇੱਕ ਪਤੰਗ
   - (ii) ਇੱਕ ਸਮਚਤੁਰਭੁਜ
4. ਜਾਂਚ ਕਰਨਾ ਕਿ
   - (i) ਆਇਤ ਦੇ ਵਿਕਰਨ ਲੰਬਾਈ ਵਿੱਚ ਬਰਾਬਰ ਹੁੰਦੇ ਹਨ।
   - (ii) ਵਰਗ ਦੇ ਵਿਕਰਨ ਲੰਬਾਈ ਵਿੱਚ ਬਰਾਬਰ ਹੁੰਦੇ ਹਨ।
   - (iii) ਸਮਚਤੁਰਭੁਜ ਜਾਂ ਸਮਾਂਤਰ ਚਤੁਰਭੁਜ ਦੇ ਵਿਕਰਨ ਲੰਬਾਈ ਵਿੱਚ ਬਰਾਬਰ ਨਹੀਂ ਹੁੰਦੇ।
5. ਦਿੱਤੇ ਸੰਖਿਆ ਨਮੂਨਿਆਂ ਦਾ ਨਿਰੀਖਣ ਕਰੋ ਅਤੇ ਇਹਨਾਂ ਦੇ ਅਗਲੇ ਤਿੰਨ ਪਗ/ਕਤਾਰਾਂ ਲਿਖੋ।
6. ਪੇਪਰ ਕੱਟਕੇ ਅਤੇ ਚਿਪਕਾ ਬੀਜਗਣਿਤਕ ਤਤਸਮਕ $(a + b)^2 = a^2 + b^2 + 2ab$ ਨੂੰ ਸਿੱਧ ਕਰੋ।
7. ਆਈਸੋਮੀਟ੍ਰਿਕ ਸ਼ੀਟ ਤੇ ਇਕਾਈ ਘਣਾਂ ਦੇ ਮੇਲ ਤੋਂ ਬਣੀਆਂ ਤਿੰਨ ਪਸਾਰੀ ਆਕ੍ਰਿਤੀਆਂ ਦਾ ਸਾਹਮਣਾ ਫਲਕ, ਉਪਰਲਾ ਫਲਕ ਅਤੇ ਟੇਢ੍ਹਾ ਫਲਕ ਬਣਾਉਣਾ।
8. ਘਣਾਵ ਦੀ ਕੁੱਲ ਸਤ੍ਹਾ ਦੇ ਖੇਤਰਫਲ ਦਾ ਸੂਤਰ ਪ੍ਰਾਪਤ ਕਰਨਾ।
9. ਇਕਾਈ ਘਣਾਂ ਦੀ ਵਰਤੋਂ ਕਰਕੇ, ਦਿੱਤੇ ਪਸਾਰਾਂ $(4 \times 3 \times 2,\ 3 \times 3 \times 3)$ ਅਨੁਸਾਰ ਘਣਾਵ ਅਤੇ ਘਣ ਬਣਾਉਣਾ ਅਤੇ ਹਰੇਕ ਦਾ ਆਇਤਨ ਪਤਾ ਕਰਨਾ।
10. ਸਿਲੰਡਰ ਦੀ ਕੁੱਲ ਸਤ੍ਹਾ ਦੇ ਖੇਤਰਫਲ ਦਾ ਸੂਤਰ ਪ੍ਰਾਪਤ ਕਰਨਾ।

## ਸ਼੍ਰੇਣੀ ਨੌਵੀਂ

## ਪਾਠਕ੍ਰਮ ਪ੍ਰਯੋਗੀ

ਸਮਾਂ:-2 ਘੰਟੇ                                                                                     ਕੁੱਲ ਅੰਕ :- 10

ਪ੍ਰਯੋਗੀ ਪ੍ਰੀਖਿਆ ਲਈ ਅੰਕ-ਵੰਡ ਹੇਠ ਲਿਖੇ ਅਨੁਸਾਰ ਹੋਵੇਗੀ :

1. ਪ੍ਰਯੋਗੀ ਪ੍ਰੀਖਿਆ ਵਿੱਚ ਚਾਰ ਕਿਰਿਆਵਾਂ ਦਿੱਤੀਆਂ ਜਾਣਗੀਆਂ ਜਿਹਨਾਂ ਵਿੱਚੋਂ ਕੋਈ ਦੋ ਕਿਰਿਆਵਾਂ ਕਰਨੀਆਂ ਜ਼ਰੂਰੀ ਹੋਣਗੀਆਂ। (4×2) : 8 ਅੰਕ
2. ਜ਼ਬਾਨੀ ਪ੍ਰਸ਼ਨ/ਮੌਖਿਕ ਪ੍ਰੀਖਿਆ : 2 ਅੰਕ

## ਪਾਠਕ੍ਰਮ ਪ੍ਰਯੋਗੀ

### ਕਿਰਿਆਵਾਂ

1. ਅਪਰਿਮੇਯ ਸੰਖਿਆਵਾਂ ($\sqrt{2}$, $\sqrt{3}$, $\sqrt{5}$.......... ਆਦਿ ) ਨੂੰ ਸੰਖਿਆ ਰੇਖਾ 'ਤੇ ਦਰਸਾਉਣਾ।
2. ਗਰਾਫ਼ ਪੇਪਰ 'ਤੇ ਬਿੰਦੂ ਦਾ ਗਰਾਫ ਖਿੱਚਣਾ ਜਦੋਂ ਕਿ ਇਸ ਦੇ ਨਿਰਦੇਸ਼ ਅੰਕ ਦਿੱਤੇ ਹੋਣ।
3. ਕਾਟਵੀਂ ਰੇਖਾ ਦੁਆਰਾ ਸਮਾਂਤਰ ਰੇਖਾ ਨਾਲ ਬਣਾਏ ਕੋਣਾਂ ਵਿਚਕਾਰ ਸੰਬੰਧ ਪਤਾ ਕਰਨਾ।
4. ਇਹ ਸਿੱਧ ਕਰਨਾ ਕਿ ਤ੍ਰਿਭੁਜ ਦੀਆਂ ਕੋਈ ਦੋ ਭੁਜਾਵਾਂ ਦਾ ਜੋੜ ਤੀਸਰੀ ਭੁਜਾ ਤੋਂ ਹਮੇਸ਼ਾ ਵੱਡਾ ਹੁੰਦਾ ਹੈ।
5. ਜੀਓ-ਬੋਰਡ ਦੀ ਵਰਤੋਂ ਨਾਲ ਤ੍ਰਿਭੁਜ ਦਾ ਖੇਤਰਫਲ ਪਤਾ ਕਰਨਾ।
6. ਕਾਗਜ਼ ਕੱਟ ਕੇ ਅਤੇ ਚਿਪਕਾਉਂਦੇ ਹੋਏ ਤ੍ਰਿਭੁਜ ਦੀ ਮੱਧ ਬਿੰਦੂ ਪਰਿਮੇਯ ਨੂੰ ਸਿੱਧ ਕਰਨਾ।
7. ਕਾਗਜ਼ ਨੂੰ ਕੱਟ ਕੇ ਅਤੇ ਮੋੜ ਕੇ ਸਮਾਂਤਰ ਚਤੁਰਭੁਜ ਪ੍ਰਾਪਤ ਕਰਨਾ।
8. ਕਾਗਜ਼ ਨੂੰ ਕੱਟ ਕੇ ਅਤੇ ਚਿਪਕਾ ਕੇ ਦਿਖਾਉਣਾ ਕਿ ਸਮਾਂਤਰ ਚਤੁਰਭੁਜ ਦਾ ਖੇਤਰਫਲ ਇਸ ਦੇ ਆਧਾਰ ਅਤੇ ਉਚਾਈ ਦਾ ਗੁਣਨਫਲ ਹੁੰਦਾ ਹੈ।
9. ਇਹ ਦਿਖਾਓ ਕਿ ਕਿਸੇ ਚਤੁਰਭੁਜ ਦੀਆਂ ਲਾਗਵੀਆਂ ਭੁਜਾਵਾਂ ਦੇ ਮੱਧ ਬਿੰਦੂਆਂ ਨੂੰ ਮਿਲਾ ਕੇ ਬਣਿਆ ਚਤੁਰਭੁਜ ਸਮਾਂਤਰ ਚਤੁਰਭੁਜ ਹੁੰਦਾ ਹੈ।
10. ਕਾਗਜ਼ ਮੋੜਕੇ ਵੱਖ-ਵੱਖ ਕਿਰਿਆਵਾਂ :-
    (ੳ) ਕਿਸੇ ਰੇਖਾ-ਖੰਡ ਦਾ ਮੱਧ ਬਿੰਦੂ ਪਤਾ ਕਰਨਾ।
    (ਅ) ਕਿਸੇ ਰੇਖਾ-ਖੰਡ ਦਾ ਲੰਬ ਸਮ ਦੁਭਾਜਕ ਪਤਾ ਕਰਨਾ।
    (ੲ) ਕਿਸੇ ਕੋਣ ਦਾ ਸਮਦੁਭਾਜਕ ਪਤਾ ਕਰਨਾ।
    (ਸ) ਤ੍ਰਿਭੁਜ ਦੀ ਮੱਧਿਕਾ ਖਿਚਣੀ।